Vigilance Bureau Punjab

**Vigilance registers corruption case against SMO, Multipurpose Health supervisor**

Chandigarh, May 17: State Vigilance Bureau today registered a corruption case against Senior Medical Officer (SMO) and Multipurpose Health Supervisor (MHS) posted at community health centre (CHC) Lopoke in Amritsar district. In this case the accused MHS has been arrested on the spot while taking bribe of Rs. 10,000.

Disclosing this here an official spokesperson of the Vigilance Bureau said the VB registered a bribery case against SMO Dr. Renu Bhatia and MHS Iqbal Singh both posted at CHC Lopoke in Amritsar district. He said a complainant named Manjinder Singh, MHS, posted at Rajasansi, has approached the VB and said the both the accused were demanding Rs. 10,000 for clearing his presence report.

After verifying his information, the Vigilance team laid a trap and MHS Iqbal Singh was arrested on the spot while accepting bribe of Rs. 10,000 from the complainant.

He informed that a case under Prevention of Corruption Act has been registered against both the accused at VB police station Amritsar and further investigation was under progress.

ਵਿਜੀਲੈਂਸ ਬਿਓਰੋ ਪੰਜਾਬ

ਵਿਜੀਲੈਂਸ ਵਲੋਂ ਰਿਸ਼ਵਤ ਦੇ ਮਾਮਲੇ 'ਚ ਐਸ.ਐਮ.ਓ ਤੇ ਮਲਟੀਪਰਪਸ ਹੈਲਥ ਸੁਪਰਵਾਈਜ਼ਰ ਖਿਲਾਫ਼ ਪਰਚਾ ਦਰਜ

ਮਲਟੀਪਰਪਸ ਹੈਲਥ ਸੁਪਰਵਾਈਜ਼ਰ ਮੌਕੇ 'ਤੇ ਕਾਬੂ

ਚੰਡੀਗੜ੍ਹ 17 ਮਈ: ਪੰਜਾਬ ਵਿਜੀਲੈਂਸ ਬਿਊਰੋ ਨੇ ਰਿਸ਼ਵਤ ਦੇ ਮਾਮਲੇ 'ਚ ਕਮਿਊਨਟੀ ਹੈਲਥ ਸੈਂਟਰ (ਸੀ.ਐਚ.ਸੀ) ਲੋਪੋਕੇ, ਅੰਮ੍ਰਿਤਸਰ ਵਿਖੇ ਤਾਇਨਾਤ ਐਸ.ਐਮ.ਓ ਅਤੇ ਮਲਟੀਪਰਪਸ ਹੈਲਥ ਸੁਪਰਵਾਈਜ਼ਰ ਖਿਲਾਫ਼ ਪਰਚਾ ਦਰਜ ਕਰ ਲਿਆ ਹੈ। ਇਸ ਮਾਮਲੇ ਵਿਚ ਦੋਸ਼ੀ ਮਲਟੀਪਰਪਸ ਹੈਲਥ ਸੁਪਰਵਾਈਜ਼ਰ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਮੌਕੇ 'ਤੇ ਹੀ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਐਸ.ਐਮ.ਓ ਡਾ ਰੇਨੂੰ ਭਾਟੀਆ ਅਤੇ ਮਲਟੀਪਰਪਸ ਹੈਲਥ ਸੁਪਰਵਾਈਜ਼ਰ ਇਕਬਾਲ ਸਿੰਘ ਖਿਲਾਫ਼ ਪੀ.ਐਚ.ਸੀ ਰਾਜਾਸਾਂਸੀ ਵਿਖੇ ਤਾਇਨਾਤ ਮਨਜਿੰਦਰ ਸਿੰਘ ਮਲਟੀਪਰਪਸ ਹੈਲਥ ਸੁਪਰਵਾਈਜ਼ਰ ਦੀ ਸ਼ਿਕਾਇਤ ਉਪਰ ਰਿਸ਼ਵਤ ਦਾ ਕੇਸ ਦਰਜ ਕੀਤਾ ਗਿਆ ਹੈ। ਸ਼ਿਕਾਇਤ ਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਦੋਹਾਂ ਦੋਸ਼ੀਆਂ ਵਲੋਂ ਉਸ ਦੀ ਹਾਜਰੀ ਰਿਪੋਰਟ ਪ੍ਰਵਾਨ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਮਲਟੀਪਰਪਸ ਹੈਲਥ ਸੁਪਰਵਾਈਜ਼ਰ ਇਕਬਾਲ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਰਿਸ਼ਵਤ ਦੇ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਹਾਂ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੰਮ੍ਰਿਤਸਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ

-----------------------------